ਬਿਲਾਵਲੁ ॥ ਦਰਮਾਦੇ ਠਾਢੇ ਦਰਬਾਰਿ ॥ ਤੁਝ ਬਿਨੁ ਸੁਰਤਿ ਕਰੈ ਕੋ ਮੇਰੀ ਦਰਸਨੁ ਦੀਜੈ ਖੋਲ੍ਹ੍ਹਿ ਕਿਵਾਰ ॥੧॥ ਰਹਾਉ ॥ ਤੁਮ ਧਨ ਧਨੀ ਉਦਾਰ ਤਿਆਗੀ ਸ੍ਰਵਨਨ੍ਹ੍ਹ ਸੁਨੀਅਤੁ ਸੁਜਸੁ ਤੁਮ੍ਹ੍ਹਾਰ ॥ ਮਾਗਉ ਕਾਹਿ ਰੰਕ ਸਭ ਦੇਖਉ ਤੁਮ੍ਹ੍ਹ ਹੀ ਤੇ ਮੇਰੋ ਨਿਸਤਾਰੁ ॥੧॥ ਜੈਦੇਉ ਨਾਮਾ ਬਿਪ ਸੁਦਾਮਾ ਤਿਨ ਕਉ ਕ੍ਰਿਪਾ ਭਈ ਹੈ ਅਪਾਰ ॥ ਕਹਿ ਕਬੀਰ ਤੁਮ ਸੰਮ੍ਰਥ ਦਾਤੇ ਚਾਰਿ ਪਦਾਰਥ ਦੇਤ ਨ ਬਾਰ ॥੨॥੭॥ {ਪੰਨਾ 856}

ਪਦਅਰਥ:- ਦਰਮਾਦੇ—{ਫ਼ਾਰਸੀ: ਦਰਮਾਂਦਾ} ਆਜਿਜ਼, ਮੰਗਤਾ। ਠਾਢੇ—ਖਲੋਤਾ ਹਾਂ। ਦਰਬਾਰਿ—(ਤੇਰੇ) ਦਰ ਤੇ। ਸੁਰਤਿ—ਸੰਭਾਲ, ਖ਼ਬਰਗੀਰੀ। ਕੋ—ਕੌਣ? ਖੋਲ੍ਹਿ—ਖੋਲ੍ਹ ਕੇ। ਕਿਵਾਰ—ਕਿਵਾੜ, ਭਿੱਤ, ਬੂਹਾ।1। ਰਹਾਉ।

ਧਨ ਧਨੀ—ਧਨ ਦਾ ਮਾਲਕ। ਉਦਾਰ—ਖੁਲ੍ਹੇ ਦਿਲ ਵਾਲਾ। ਤਿਆਗੀ—ਦਾਨੀ। ਸ੍ਰਵਨਨ—ਕੰਨੀਂ। ਸੁਨੀਅਤ—ਸੁਣਿਆ ਜਾਂਦਾ ਹੈ। ਸੁਜਸੁ—ਸੁਹਣਾ ਜਸ, ਮਿੱਠੀ ਸੋਭਾ। ਮਾਗਉ—ਮਾਗਉਂ, ਮੈਂ ਮੰਗਾਂ। ਕਾਹਿ—ਕਿਸ ਪਾਸੋਂ? ਰੰਕ—ਕੰਗਾਲ। ਨਿਸਤਾਰੁ—ਪਾਰ-ਉਤਾਰਾ।1।

ਜੈਦੇਉ—ਭਗਤ ਜੈਦੇਵ ਜੀ ਬਾਰ੍ਹਵੀਂ ਸਦੀ ਵਿਚ ਸੰਸਕ੍ਰਿਤ ਦੇ ਇਕ ਪ੍ਰਸਿੱਧ ਵਿਦਵਾਨ ਕਵੀ ਹੋਏ ਹਨ, ਇਹਨਾਂ ਦੀ ਭਗਤੀ-ਰਸ ਵਿਚ ਲਿਖੀ ਹੋਈ ਪੁਸਤਕ "ਗੀਤ ਗੋਵਿੰਦ" ਬੜਾ ਆਦਰ ਮਾਣ ਪਾ ਰਹੀ ਹੈ। ਦੱਖਣੀ ਬੰਗਾਲ ਦੇ ਪਿੰਡ ਕੰਨਦੂਲੀ ਵਿਚ ਇਹ ਜੰਮੇ ਸਨ। ਉੱਚੇ ਜੀਵਨ ਵਾਲੇ ਪ੍ਰਭੂ-ਭਗਤ ਹੋਏ ਹਨ। ਗੁਰੂ ਗ੍ਰੰਥ ਸਾਹਿਬ ਵਿਚ ਇਹਨਾਂ ਦੇ ਦੋ ਸ਼ਬਦ ਦਰਜ ਹਨ, ਜੋ ਗੁਰੂ ਨਾਨਕ ਦੇਵ ਜੀ ਨੇ ਆਪਣੀ ਪਹਿਲੀ ਉਦਾਸੀ ਵਿਚ ਬੰਗਾਲ ਵਲ ਜਾਂਦਿਆਂ ਲਿਆਂਦੇ ਸਨ।

ਨਾਮਾ—ਭਗਤ ਨਾਮਦੇਵ ਜੀ ਬੰਬਈ ਦੇ ਜ਼ਿਲਾ ਸਤਾਰਾ ਦੇ ਇਕ ਪਿੰਡ ਵਿਚ ਪੈਦਾ ਹੋਏ ਤੇ ਸਾਰਾ ਜੀਵਨ ਇਹਨਾਂ ਪਾਂਧਰਪੁਰ ਵਿਚ ਗੁਜ਼ਾਰਿਆ। ਕਬੀਰ ਜੀ ਇੱਥੇ ਉਹਨਾਂ ਦੀ ਅਨਿੰਨ ਭਗਤੀ ਤੇ ਪ੍ਰਭੂ ਦੀ ਉਹਨਾਂ ਉੱਤੇ ਅਪਾਰ ਕਿਰਪਾ ਦਾ ਜ਼ਿਕਰ ਕਰ ਰਹੇ ਹਨ। ਸੋ, ਇਹ ਖ਼ਿਆਲ ਕਰਨਾ ਵੱਡੀ ਭੁੱਲ ਹੈ ਕਿ ਨਾਮਦੇਵ ਜੀ ਮੂਰਤੀ-ਪੂਜਕ ਸਨ ਜਾਂ ਮੂਰਤੀ ਪੂਜਾ ਤੋਂ ਉਹਨਾਂ ਰੱਬ ਲੱਭਾ ਸੀ। ਬਿਪ—ਬ੍ਰਾਹਮਣ। ਬਾਰ—ਚਿਰ।2।

ਅਰਥ:- ਹੇ ਪ੍ਰਭੂ! ਮੈਂ ਤੇਰੇ ਦਰ ਤੇ ਮੰਗਤਾ ਬਣ ਕੇ ਖੜਾ ਹਾਂ। ਭਲਾ ਤੈਥੋਂ ਬਿਨਾ ਹੋਰ ਕੌਣ ਮੇਰੀ ਦਾਰੀ

ਕਰ ਸਕਦਾ ਹੈ? ਹੇ ਦਾਤੇ! ਬੂਹਾ ਖੋਲ੍ਹ ਕੇ ਮੈਨੂੰ ਦੀਦਾਰ ਬਖ਼ਸ਼।1। ਰਹਾਉ।

ਤੂੰ ਹੀ (ਜਗਤ ਦੇ ਸਾਰੇ) ਧਨ ਪਦਾਰਥ ਦਾ ਮਾਲਕ ਹੈਂ, ਤੇ ਬੜਾ ਖੁਲ੍ਹੇ ਦਿਲ ਵਾਲਾ ਦਾਨੀ ਹੈਂ। (ਜਗਤ ਵਿਚ) ਤੇਰੀ ਹੀ (ਦਾਨੀ ਹੋਣ ਦੀ) ਮਿੱਠੀ ਸੋਭਾ ਕੰਨੀਂ ਸੁਣੀ ਜਾ ਰਹੀ ਹੈ। ਮੈਂ ਹੋਰ ਕਿਸ ਪਾਸੋਂ ਮੰਗਾਂ? ਮੈਨੂੰ ਤਾਂ ਸਭ ਕੰਗਾਲ ਦਿੱਸ ਰਹੇ ਹਨ। ਮੇਰਾ ਬੇੜਾ ਤੇਰੇ ਰਾਹੀਂ ਹੀ ਪਾਰ ਹੋ ਸਕਦਾ ਹੈ।1।

ਕਬੀਰ ਆਖਦਾ ਹੈ—ਤੂੰ ਸਭ ਦਾਤਾਂ ਦੇਣ ਜੋਗਾ ਦਾਤਾਰ ਹੈਂ। ਜੀਵਾਂ ਨੂੰ ਚਾਰੇ ਪਦਾਰਥ ਦੇਂਦਿਆਂ ਤੈਨੂੰ ਰਤਾ ਢਿੱਲ ਨਹੀਂ ਲੱਗਦੀ। ਜੈਦੇਵ, ਨਾਮਦੇਵ, ਸੁਦਾਮਾ ਬ੍ਰਾਹਮਣ—ਇਹਨਾਂ ਉੱਤੇ ਤੇਰੀ ਹੀ ਬੇਅੰਤ ਕਿਰਪਾ ਹੋਈ ਸੀ।2।7।